Vigilance Bureau Punjab

# Vigilance arrests hospital accountant for taking bribe of Rs 25,000

Chandigarh, April 30 : Punjab Vigilance Bureau today arrested Dharamvir, an accountant-cum-cashier posted at Civil Hospital Fazilka, for taking bribe of Rs 25,000.

Disclosing this here on Saturday a spokesperson of the Punjab Vigilance Bureau said the accused Dharamvir has been arrested on the complaint of Ravinder Kumar, a resident of village Muradwala Bhomgarh, District Fazilka. He added that the complainant Ravinder Kumar was running a canteen on contract at Civil Hospital Fazilka and the Accountant was entrusted to clear his bills for food etc.

The complainant approached the Vigilance Bureau and alleged that the accountant had demanded a bribe of Rs 30,000 from him for passing the bills.

The spokesperson said that after investigating the complaint by Vigilance, the accused was arrested for accepting a bribe of Rs. 25000 from the complainant in the presence of two government witnesses. The spokesperson informed that a case has been registered against the accused under various sections of the Prevention of Corruption Act at Police Station Vigilance Bureau, Ferozepur. Further investigation into the case is under progress.

---------

ਪੰਜਾਬ ਵਿਜੀਲੈਂਸ ਬਿਊਰੋ

# ਵਿਜੀਲੈਂਸ ਵੱਲੋਂ ਹਸਪਤਾਲ ਦਾ ਅਕਾਊਂਟੈਂਟ 25000 ਰੁਪਏ ਦੀ ਰਿਸ਼ਵਤ ਲੈਂਦਾ ਕਾਬੂ

ਚੰਡੀਗੜ੍ਹ, 30 ਅਪ੍ਰੈਲ : ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਸਿਵਲ ਹਸਪਤਾਲ ਫਾਜ਼ਿਲਕਾ ਵਿਖੇ ਤਾਇਨਾਤ ਅਕਾਊਂਟੈਂਟ-ਕਮ-ਕੈਸ਼ੀਅਰ, ਧਰਮਵੀਰ ਨੂੰ 25,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

ਅੱਜ ਇੱਥੇ ਇਹ ਜਾਣਕਾਰੀ ਦਿੰਦੇ ਹੋਏ ਪੰਜਾਬ ਵਿਜੀਲੈਂਸ ਬਿਊਰੋ ਦੇ ਇੱਕ ਬੁਲਾਰੇ ਨੇ ਦੱਸਿਆ ਕਿ ਮੁਲਜਮ ਧਰਮਵੀਰ ਨੂੰ ਸ਼ਿਕਾਇਤਕਰਤਾ ਰਵਿੰਦਰ ਕੁਮਾਰ ਵਾਸੀ ਮੁਰਾਦਵਾਲਾ ਭੋਮਗੜ, ਜ਼ਿਲ੍ਹਾ ਫਾਜ਼ਿਲਕਾ ਦੀ ਸ਼ਿਕਾਇਤ ਉਪਰ ਗ੍ਰਿਫਤਾਰ ਕੀਤਾ ਗਿਆ ਹੈ। ਉਨਾਂ ਦੱਸਿਆ ਕਿ ਮੁੱਦਈ ਰਵਿੰਦਰ ਕੁਮਾਰ ਕੋਲ ਸਿਵਲ ਹਸਪਤਾਲ ਫਾਜ਼ਿਲਕਾ ਵਿਖੇ ਕੰਟੀਨ ਦਾ ਠੇਕਾ ਹੈ ਤੇ ਉਸ ਵੱਲੋਂ ਮੁਹੱਈਆ ਕਰਵਾਏ ਜਾਂਦੇ ਖਾਣੇ ਆਦਿ ਦੇ ਬਿੱਲ ਧਰਮਵੀਰ ਅਕਾਊਂਟੈਂਟ ਵੱਲੋਂ ਪਾਸ ਕਰਵਾਏ ਜਾਂਦੇ ਹਨ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਓਰੋ ਕੋਲ ਪਹੁੰਚ ਕਰਕੇ ਦੱਸਿਆ ਕਿ ਉਕਤ ਅਕਾਊਂਟੈਂਟ ਨੇ ਉਸ ਤੋਂ ਬਿਲਾਂ ਨੂੰ ਪਾਸ ਕਰਾਉਣ ਬਦਲੇ 30000 ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ ਹੈ।

ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਜਾਂਚ ਕਰਨ ਉਪਰੰਤ ਉਕਤ ਮੁਲਜਮ ਨੂੰ ਸ਼ਿਕਾਇਤਕਰਤਾ ਪਾਸੋਂ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿੱਚ 25000 ਰੁਪਏ ਦੀ ਰਿਸ਼ਵਤ ਹਾਸਲ ਕਰਦਿਆਂ ਰੰਗੇ ਹੱਥੀਂ ਗ੍ਰਿਫਤਾਰ ਕੀਤਾ ਗਿਆ। ਬੁਲਾਰੇ ਨੇ ਦੱਸਿਆ ਕਿ ਦੋਸ਼ੀ ਖਿਲਾਫ ਮੁਕੱਦਮਾ ਨੰਬਰ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ ਵੱਖ ਧਾਰਾਵਾਂ ਹੇਠ ਥਾਣਾ ਵਿਜੀਲੈਂਸ ਬਿਊਰੋ ਫਿਰੋਜ਼ਪੁਰ ਵਿਖੇ ਮੁਕੱਦਮਾ ਦਰਜ ਕੀਤਾ ਗਿਆ। ਮੁਕੱਦਮਾ ਦੀ ਅਗਲੇਰੀ ਤਫਤੀਸ਼ ਅਮਲ ਵਿੱਚ ਹੈ।

----